੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-12-2022 (27 ਮੱਘਰ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 125 ਦੀ ਨਕਲ :-**

**ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਭਾਰਤ ਸਰਕਾਰ ਵੱਲੋਂ ਯੂਨੀਫਾਰਮ ਸਿਵਲ ਕੋਡ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਕਰੜੀ ਨਿੰਦਾ ਕਰਦੀ ਹੈ। ਇਕੱਤਰਤਾ ਮਹਿਸੂਸ ਕਰਦੀ ਹੈ ਕਿ ਇਹ ਬਿੱਲ ਸਰਕਾਰ ਵੱਲੋਂ ਆਰ.ਐਸ.ਐਸ ਦੇ ਏਜੰਡੇ ਨੂੰ ਲਾਗੂ ਕਰਨ ਦੀ ਮਨਸ਼ਾ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਹਾਲ ਹੀ ਵਿਚ ਭਾਜਪਾ ਦੇ ਇਕ ਰਾਜ ਸਭਾ ਮੈਂਬਰ ਵੱਲੋਂ ਇਸ ਸਬੰਧ ਵਿਚ ਚਰਚਾ ਲਈ ਸੰਸਦ ਅੰਦਰ ਪ੍ਰਾਈਵੇਟ ਬਿੱਲ ਪੇਸ਼ ਕਰਨਾ ਸੂਬਿਆਂ ਦੇ ਅਧਿਕਾਰਾਂ ਨੂੰ ਘਟਾਉਣ ਵੱਲ ਵਧਾਇਆ ਇੱਕ ਕਦਮ ਹੈ। ਇਹ ਬਹੁਗਿਣਤੀਆਂ ਨੂੰ ਉਭਾਰਨ ਅਤੇ ਹਿੰਦੂ ਰਾਸ਼ਟਰ ਦੇ ਏਜੰਡੇ ਤਹਿਤ ਸੂਬਿਆਂ ਵਿਚ ਸਿੱਧੀ ਦਖ਼ਲ ਅੰਦਾਜ਼ੀ ਲਈ ਕੀਤਾ ਜਾ ਰਿਹਾ ਹੈ। ਹੁਣੇ ਹੁਣੇ ਹੋਈਆਂ ਗੁਜਰਾਤ ਅਤੇ ਹਿਮਾਚਲ ਪ੍ਰਦੇਸ਼ ਚੋਣਾਂ ਤੋਂ ਪਹਿਲਾਂ ਭਾਜਪਾ ਵੱਲੋਂ ਯੂ.ਸੀ.ਸੀ ਨੂੰ ਲਾਗੂ ਕਰਨ ਦਾ ਵਾਅਦਾ ਕਰਕੇ ਬਹੁਗਿਣਤੀਆਂ ਨਾਲ ਸਬੰਧਤ ਵੋਟਰਾਂ ਦਾ ਧਰੁਵੀਕਰਨ ਕਰਨ ਲਈ ਇਸ ਨੂੰ ਪ੍ਰਚਾਰ ਦਾ ਮਾਧਿਅਮ ਬਣਾਇਆ ਗਿਆ। ਜੇਕਰ ਇਹ ਕਾਨੂੰਨ ਲਾਗੂ ਹੋ ਜਾਂਦਾ ਹੈ ਤਾਂ ਇਹ ਹਰ ਘਟਗਿਣਤੀ ਕੌਮਾਂ ਅਤੇ ਧਰਮਾਂ ਦੇ ਨਿੱਜੀ ਮਾਮਲਿਆਂ ਲਈ ਸੰਵਿਧਾਨਕ ਸੁਰੱਖਿਆ ਨਾਲ ਛੇੜਛਾੜ ਕਰਨਾ ਸਾਬਤ ਹੋਵੇਗਾ।

ਸ਼੍ਰੋਮਣੀ ਗੁ:ਪ੍ਰ: ਕਮੇਟੀ ਇਸ ਯੂ.ਸੀ.ਸੀ ਨੂੰ ਲਾਗੂ ਕਰਨ ਦੀ ਕਾਰਵਾਈ ਦੀ ਕਰੜੀ ਨਿੰਦਾ ਕਰਦੀ ਹੈ ਅਤੇ ਪੰਜਾਬ ਅਤੇ ਹੋਰਨਾਂ ਸੂਬਿਆਂ ਅੰਦਰ ਇਸ ਦੇ ਵਿਰੋਧ ਲਈ ਸੂਬਾ ਸਰਕਾਰਾਂ ਨੂੰ ਵਿਧਾਨ ਸਭਾ ਵਿਚ ਮਤਾ ਪਾਸ ਕਰਨ ਦੀ ਅਪੀਲ ਕਰਦੀ ਹੈ।

ਇਸ ਸਬੰਧ ਵਿਚ ਕੌਮੀ ਘਟਗਿਣਤੀ ਕਮਿਸ਼ਨ ਦੇ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਵੱਲੋਂ ਵਿਰੋਧ ਨਾ ਕੀਤੇ ਜਾਣ ਦੀ ਵੀ ਕਰੜੀ ਨਿੰਦਾ ਕੀਤੀ ਜਾਂਦੀ ਹੈ। ਸ. ਇਕਬਾਲ ਸਿੰਘ ਲਾਲਪੁਰਾ ਘਟ ਗਿਣਤੀਆਂ ਦੀ ਨੁਮਾਇੰਦਗੀ ਕਰਨ ਦੀ ਥਾਂ ਭਾਜਪਾ ਦੀ ਬੋਲੀ ਬੋਲ ਰਹੇ ਹਨ। ਸ. ਇਕਬਾਲ ਸਿੰਘ ਲਾਲਪੁਰਾ ਮੌਜੂਦਾ ਸਮੇਂ ਘਟਗਿਣਤੀ ਕਮਿਸ਼ਨ ਦੇ ਚੇਅਰਮੈਨ ਹੋਣ ਦੇ ਨਾਲ-ਨਾਲ ਭਾਜਪਾ ਦੀ ਕੌਮੀ ਕਾਰਜਕਾਰਨੀ ਦਾ ਵੀ ਹਿੱਸਾ ਹਨ, ਜੋ ਸੰਵਿਧਾਨਕ ਅਹੁਦੇ ਨਾਲ ਅਨਿਆਂ ਹੈ। ਇਕ ਪਾਰਟੀ ਦੇ ਸਿਆਸੀ ਅਹੁਦੇ 'ਤੇ ਹੁੰਦਿਆਂ ਉਸ ਦੀ ਵਿਚਾਰਧਾਰਾ ਨਾਲ ਜੁੜੇ ਹੋਣ ਕਾਰਨ ਸੰਵਿਧਾਨਕ ਅਹੁਦੇ ਨਾਲ ਇਨਸਾਫ ਨਹੀਂ ਕੀਤਾ ਜਾ ਸਕਦਾ। ਇਸ ਲਈ ਸ. ਲਾਲਪੁਰਾ ਜਾਂ ਤਾਂ ਭਾਜਪਾ ਦੀ ਅਹੁਦੇਦਾਰੀ ਰੱਖਣ ਜਾਂ ਘਟਗਿਣਤੀ ਕਮਿਸ਼ਨ ਦਾ ਅਹੁੱਦਾ ਰੱਖਣ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23093 ਮਿਤੀ 16-12-2022

ਉਤਾਰਾ:
1. ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਸ੍ਰ. ਭਗਵੰਤ ਸਿੰਘ ਜੀ ਮਾਨ, ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ।
4. ਸ੍ਰ. ਇਕਬਾਲ ਸਿੰਘ ਜੀ ਲਾਲਪੁਰਾ, ਚੇਅਰਮੈਨ ਘੱਟ ਗਿਣਤੀ ਕਮਿਸ਼ਨ, ਨਵੀਂ ਦਿੱਲੀ।
5. ਮੀਤ ਸਕੱਤਰ ਜੀ, ਸਬ ਆਫਿਸ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:info@sgpc.net

੧ੴ ਵਾਹਿਗੁਰੂ ਜੀ ਕੀ ਫਤਹ ॥

Tel.Ph. 2553957 2553958 2553959

# Shiromani Gurdwara Parbandhak Committee,

## Teja Singh Samundri Hall, Amritsar.

**Translated Copy**

**Copy of Resolution No. 125 of Executive Committee meeting of the Shiromani Gurdwara Parbandhak Committee, Sri Amritsar dated Maghar 27, Samvat Nanakshahi 554 (December 12, 2022):-**

---

Upon proposal, on the order of President and consent of Members present in the meeting it has been accepted that this meeting of Executive Committee of the Shiromani Gurdwara Parbandhak Committee (SGPC) strongly condemns the efforts being made by Government of India for implementing Uniform Civil Code. This Executive meeting feels that this bill is being pushed by the government with the intention of implementing the agenda of Rashtriya Swayamsewak Sangh (RSS). Recently, a Rajya Sabha member of Bharatiya Janata Party (BJP) introduced a private bill in the Parliament for discussion on UCC, which is a step further towards curtailing the powers of the states. This is being done to elevate the majorities and for direct interference in the states under the agenda of Hindu Rashtra. Ahead of recently held Gujarat and Himachal Pradesh assembly elections, BJP's promise to implement UCC was used as a propaganda tool to polarise voters belonging to the majority. If this law comes into force, it will prove to be a violation of the Constitutional protection for the personal affairs of every minority community and religion.

The SGPC strongly condemns the efforts being made for the implementation of UCC and asks the Punjab and other State Governments to pass resolutions in their Legislative Assembly to oppose such a law.

The SGPC also strongly condemns 'no opposition' of UCC by Sd. Iqbal Singh Lalpura, Chairperson of the National Commission for Minorities (NCM). On the issue of UCC, S. Iqbal Singh Lalpura has become a part of BJP's politics instead of representing minorities. Apart from being the Chairman of NCM, Sd. Iqbal Singh Lalpura is also a member of BJP's parliamentary board, which is unfair to the constitutional position. While holding a political position of a party and having affiliation with its ideology, justice cannot be done to a constitutional position. Therefore, Sd. Lalpura should either hold the political position of BJP or the constitutional position of NCM.

---

**Certified that above is the English version of the Resolution contained in the Minute Book of the Shiromani Gurdwara Parbandhak Committee, Amritsar which is in its custody.**

No.: 23023

Dated: December 16, 2022

Copy to:
1. Shri Narendra Modi, Prime Minister, Govt. of India, New Delhi.
2. Shri Amit Shah, Home Minister, Govt. of India, New Delhi.
3. Sd. Bhagwant Singh Mann, Chief Minister, Govt. of Punjab, Chandigarh.
4. Sd. Iqbal Singh Lalpura, Chairperson, National Commission for Minorities, New Delhi.
5. Assistant Secretary, Sub-Office, SGPC, Chandigarh.

-Sent for information and necessary action.

Partap Singh

Partap Singh,
Secretary,
Shiromani Gurdwara Parbandhak Committee,
Sri Amritsar Sahib.

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-12-2022 (27 ਮੱਘਰ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 88 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਮੀਡੀਆ ਸਲਾਹਕਾਰ ਰਹੇ ਪ੍ਰਸਿੱਧ ਪੱਤਰਕਾਰ ਸ. ਹਰਬੀਰ ਸਿੰਘ ਭੰਵਰ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੀ ਹੈ।

ਸ. ਹਰਬੀਰ ਸਿੰਘ ਭੰਵਰ ਨੇ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੀਆਂ ਪ੍ਰਾਪਤੀਆਂ ਅਤੇ ਗਤੀਵਿਧੀਆਂ ਨੂੰ ਮੀਡੀਆ ਰਾਹੀਂ ਪ੍ਰਚਾਰਨ ਲਈ ਸ਼ਾਨਦਾਰ ਸੇਵਾਵਾਂ ਨਿਭਾਈਆਂ। ਉਨ੍ਹਾਂ ਨੇ ਕਈ ਵੱਡੇ ਮੀਡੀਆ ਅਦਾਰਿਆਂ ਲਈ ਕੰਮ ਵੀ ਕੀਤਾ। ਸ. ਭੰਵਰ ਨੇ ਜੂਨ 1984 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭਾਰਤੀ ਹਕੂਮਤ ਵੱਲੋਂ ਕੀਤੇ ਗਏ ਫ਼ੌਜੀ ਹਮਲੇ ਸਮੇਂ ਆਪਣੀ ਜਾਨ ਦੀ ਪ੍ਰਵਾਹ ਨਾ ਕੀਤਿਆਂ ਮੀਡੀਆ ਰਿਪੋਰਟਾਂ ਕੀਤੀਆਂ। ਉਨ੍ਹਾਂ ਵੱਲੋਂ ਜੂਨ 1984 ਦੇ ਹਮਲੇ ਦੀ ਯਾਦ ਸਬੰਧੀ ਰੋਜ਼ਾਨਾ ਦੀ ਡਾਇਰੀ 'ਤੇ ਅਧਾਰਿਤ ਅਹਿਮ ਪੁਸਤਕ 'ਡਾਇਰੀ ਦੇ ਪੰਨੇ' ਵੀ ਲਿਖੀ ਗਈ, ਜਿਸ ਨੂੰ ਸ਼੍ਰੋਮਣੀ ਗੁ:ਪ੍ਰ: ਕਮੇਟੀ ਵੱਲੋਂ ਛਾਪਿਆ ਗਿਆ। ਸ. ਭੰਵਰ ਦਾ ਅਕਾਲ ਚਲਾਣਾ ਉਨ੍ਹਾਂ ਦੇ ਪਰਿਵਾਰ ਦੇ ਨਾਲ-ਨਾਲ ਪੱਤਰਕਾਰੀ ਦੇ ਖੇਤਰ ਵਿਚ ਵੀ ਵੱਡਾ ਘਾਟਾ ਹੈ।

ਅੱਜ ਦੀ ਇਹ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ,ਰਿਸ਼ਤੇਦਾਰਾਂ,ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
**********************************************
ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22977

ਮਿਤੀ 15-12-2022

ਉਤਾਰਾ:
1. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾ ਪਾਸ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 12-12-2022 (27 ਮੱਘਰ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 131 ਦੀ ਨਕਲ :-**

**ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਜਥੇਦਾਰ ਸਾਹਿਬਾਨ ਦੇ ਮਾਮਲੇ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੀਤੇ ਗਏ ਫੈਸਲੇ ਮਗਰੋਂ ਸ੍ਰੀ ਪਟਨਾ ਸਾਹਿਬ ਵਿਖੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਪੁਤਲਾ ਸਾੜਨ ਅਤੇ ਫੈਸਲੇ ਦਾ ਵਿਰੋਧ ਕਰਨ ਦੀ ਕਰੜੀ ਨਿੰਦਾ ਕਰਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦਾ ਸਰਵਉੱਚ ਅਸਥਾਨ ਹੈ ਅਤੇ ਇਸ ਦੇ ਜਥੇਦਾਰ ਸਾਹਿਬ ਸਨਮਾਨਯੋਗ ਸ਼ਖ਼ਸੀਅਤ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਫੈਸਲੇ ਦਾ ਵਿਰੋਧ ਕਰਨ ਵਾਲੇ ਸੱਚੇ ਸਿੱਖ ਨਹੀਂ ਹੋ ਸਕਦੇ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਹਿਸੂਸ ਕਰਦੀ ਹੈ ਕਿ ਕੁਝ ਲੋਕਾਂ ਵੱਲੋਂ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵਿਰੋਧ ਪ੍ਰਦਰਸ਼ਨ ਕਰਕੇ ਸਿੱਖ ਕੌਮ ਦੀ ਸਿਖਰ ਸਨਮਾਨ ਵਾਲੀ ਪਦਵੀ ਦਾ ਨਿਰਾਦਰ ਕੀਤਾ ਗਿਆ ਹੈ। ਇਸ ਲਈ ਸਬੰਧਤ ਲੋਕਾਂ ਨੂੰ ਤੁਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਪਾਸੋਂ ਮੁਆਫ਼ੀ ਮੰਗਣੀ ਚਾਹੀਦੀ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 23059

ਮਿਤੀ 21-12-2022

ਉਤਾਰਾ:
1. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ। ॥
3. ਸੁਪ੍ਰਿੰਟੈਂਡੈਂਟ ਜੀ, ਤਖ਼ਤ ਸ੍ਰੀ ਹਰਿਮੰਦਰ ਜੀ, ਪਟਨਾ, ਪਟਨਾ ਸਾਹਿਬ (ਬਿਹਾਰ)।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।